ਧਨਾਸਰੀ ਮਹਲਾ ੪ ॥ ਚਉਰਾਸੀਹ ਸਿਧ ਬੁਧ ਤੇਤੀਸ ਕੋਟਿ ਮੁਨਿ ਜਨ ਸਭਿ ਚਾਹਹਿ ਹਰਿ ਜੀਉ ਤੇਰੋ ਨਾਉ ॥ ਗੁਰ ਪ੍ਰਸਾਦਿ ਕੋ ਵਿਰਲਾ ਪਾਵੈ ਜਿਨ ਕਉ ਲਿਲਾਟਿ ਲਿਖਿਆ ਧੁਰਿ ਭਾਉ ॥੧॥ ਜਪਿ ਮਨ ਰਾਮੈ ਨਾਮੁ ਹਰਿ ਜਸੁ ਊਤਮ ਕਾਮ ॥ ਜੋ ਗਾਵਹਿ ਸੁਣਹਿ ਤੇਰਾ ਜਸੁ ਸੁਆਮੀ ਹਉ ਤਿਨ ਕੈ ਸਦ ਬਲਿਹਾਰੈ ਜਾਉ ॥ ਰਹਾਉ ॥ ਸਰਣਾਗਤਿ ਪ੍ਰਤਿਪਾਲਕ ਹਰਿ ਸੁਆਮੀ ਜੋ ਤੁਮ ਦੇਹੁ ਸੋਈ ਹਉ ਪਾਉ ॥ ਦੀਨ ਦਇਆਲ ਕ੍ਰਿਪਾ ਕਰਿ ਦੀਜੈ ਨਾਨਕ ਹਰਿ ਸਿਮਰਣ ਕਾ ਹੈ ਚਾਉ ॥੨॥੪॥੧੦॥ {ਪੰਨਾ 669}

ਪਦਅਰਥ:- ਸਿਧ—ਕਰਾਮਾਤੀ ਜੋਗੀ, ਜੋਗ ਮਤ ਦੇ ਆਗੂ। ਬੁਧ—ਮਹਾਤਮਾ ਗੋਤਮ ਬੁਧ ਵਰਗੇ ਗਿਆਨਵਾਨ। ਤੇਤੀਸ ਕੋਟਿ—ਤੇਤੀ ਕ੍ਰੋੜ ਦੇਵਤੇ। ਸਭਿ—ਸਾਰੇ। ਪ੍ਰਸਾਦਿ—ਕਿਰਪਾ ਨਾਲ। ਲਿਲਾਟਿ—ਮੱਥੇ ਉਤੇ। ਧੁਰਿ—ਧੁਰ ਦਰਗਾਹ ਤੋਂ। ਭਾਉ—ਪ੍ਰੇਮ।1।

ਮਨ—ਹੇ ਮਨ! ਰਾਮੈ ਨਾਮੁ—ਪਰਮਾਤਮਾ ਦਾ ਹੀ ਨਾਮ। ਜਸੁ—ਸਿਫ਼ਤਿ-ਸਾਲਾਹ। ਸੁਆਮੀ—ਹੇ ਸੁਆਮੀ! ਹਉ—ਮੈਂ। ਸਦ—ਸਦਾ। ਜਾਉ—ਜਾਉਂ, ਮੈਂ ਜਾਂਦਾ ਹਾਂ। ਰਹਾਉ।

ਪਾਉ—ਪਾਉਂ, ਮੈਂ ਲੈਂਦਾ ਹਾਂ।2।

ਅਰਥ:- ਹੇ ਮਨ! ਪਰਮਾਤਮਾ ਦਾ ਨਾਮ ਹੀ ਜਪਿਆ ਕਰ। ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨੀ ਸਭ ਤੋਂ ਸ੍ਰੇਸ਼ਟ ਕੰਮ ਹੈ। ਹੇ ਮਾਲਕ-ਪ੍ਰਭੂ! ਜੇਹੜੇ ਮਨੁੱਖ ਤੇਰੀ ਸਿਫ਼ਤਿ-ਸਾਲਾਹ ਗਾਂਦੇ ਹਨ ਸੁਣਦੇ ਹਨ, ਮੈਂ ਉਹਨਾਂ ਤੋਂ ਸਦਾ ਕੁਰਬਾਨ ਜਾਂਦਾ ਹਾਂ। ਰਹਾਉ।

ਹੇ ਪ੍ਰਭੂ! ਜੋਗ-ਮਤ ਦੇ ਚੌਰਾਸੀ ਆਗੂ, ਮਹਾਤਮਾ ਬੁਧ ਵਰਗੇ ਗਿਆਨਵਾਨ, ਤੇਤੀ ਕ੍ਰੋੜ ਦੇਵਤੇ, ਅਨੇਕਾਂ ਰਿਸ਼ੀ ਮੁਨੀ—ਇਹ ਸਾਰੇ ਤੇਰਾ ਨਾਮ (ਪ੍ਰਾਪਤ ਕਰਨਾ) ਚਾਹੁੰਦੇ ਹਨ, ਪਰ ਕੋਈ ਵਿਰਲਾ ਮਨੁੱਖ ਗੁਰੂ ਦੀ ਕਿਰਪਾ ਨਾਲ (ਇਹ ਦਾਤਿ) ਹਾਸਲ ਕਰਦਾ ਹੈ। (ਨਾਮ ਦੀ ਦਾਤਿ ਉਹਨਾਂ ਨੂੰ ਮਿਲਦੀ ਹੈ) ਜਿਨ੍ਹਾਂ ਵਾਸਤੇ ਮੱਥੇ ਉਤੇ ਧੁਰ ਦਰਗਾਹ ਤੋਂ ਹਰਿ-ਨਾਮ ਦਾ ਪ੍ਰੇਮ ਲਿਖਿਆ ਹੋਇਆ ਹੈ।1।

ਹੇ ਸਰਨ ਆਇਆਂ ਦੀ ਪਾਲਣਾ ਕਰਨ ਵਾਲੇ ਮਾਲਕ-ਪ੍ਰਭੂ! ਮੈਂ (ਤੇਰੇ ਦਰ ਤੋਂ) ਉਹੀ ਕੁਝ ਲੈ ਸਕਦਾ ਹਾਂ ਜੋ ਤੂੰ ਆਪ ਦੇਂਦਾ ਹੈਂ। ਹੇ ਦੀਨਾਂ ਉਤੇ ਦਇਆ ਕਰਨ ਵਾਲੇ! ਕਿਰਪਾ ਕਰ ਕੇ ਨਾਨਕ ਨੂੰ ਆਪਣੇ ਨਾਮ ਦੀ ਦਾਤਿ ਦੇਹ, (ਨਾਨਕ ਨੂੰ) ਤੇਰਾ ਨਾਮ ਸਿਮਰਨ ਦਾ ਚਾਉ ਹੈ।2।4।10।